ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 561 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਹ ਇਕੱਤਰਤਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਉੱਘੇ ਆਗੂ ਸ੍ਰ. ਪਰਮਜੀਤ ਸਿੰਘ ਖਾਲਸਾ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ 'ਚ ਅਹਿਮ ਯੋਗਦਾਨ ਪਾਇਆ।

ਅੱਜ ਦੀ ਇਕੱਤਰਤਾ ਸ੍ਰ. ਪਰਮਜੀਤ ਸਿੰਘ ਜੀ ਖਾਲਸਾ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21391

ਮਿਤੀ 23-08-2024

ਉਤਾਰਾ:
1. ਆਰ. ਕੇ. ਜੀ ਟਰੱਸਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾਂ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 562 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਹ ਇਕੱਤਰਤਾ ਬੀਤੇ ਦਿਨੀਂ ਗੁਰਦੁਆਰਾ ਜਾਮਨੀ ਸਾਹਿਬ, ਬਜੀਦਪੁਰ (ਫਿਰੋਜਪੁਰ) ਵਿਖੇ ਗੈਸ ਲੀਕ ਹੋਣ ਕਾਰਨ ਅੱਗ ਲੱਗ ਜਾਣ ਤੇ, ਅੱਗ ਨੂੰ ਬੁਝਾਉਣ ਦੇ ਯਤਨ ਦੌਰਾਨ ਝੁਲਸ ਜਾਣ ਤੇ ਇਲਾਜ ਦੌਰਾਨ ਸ੍ਰ. ਤਲਵਿੰਦਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਅੱਜ ਦੀ ਇਹ ਇਕੱਤਰਤਾ ਸ੍ਰ. ਤਲਵਿੰਦਰ ਸਿੰਘ ਵੱਲੋਂ ਗੁਰੂ ਘਰ ਵਿੱਚ ਕੀਤੀ ਸੇਵਾ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
********************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21392

ਮਿਤੀ 23-08-2024

ਉਤਾਰਾ:
1. ਆਰ. ਕੇ. ਜੀ ਟਰੱਸਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾਂ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 563 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਹ ਇਕੱਤਰਤਾ ਬੀਤੇ ਦਿਨੀਂ ਸ੍ਰੀ ਗੁਰੂ ਰਾਮਦਾਸ ਲੰਗਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੇਵਾ ਦੌਰਾਨ ਕੜਾਹੇ ਵਿੱਚ ਡਿੱਗਣ ਕਾਰਨ ਇਲਾਜ ਦੌਰਾਨ ਸ੍ਰ. ਬਲਬੀਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਅੱਜ ਦੀ ਇਹ ਇਕੱਤਰਤਾ ਸ੍ਰ. ਬਲਬੀਰ ਸਿੰਘ ਵੱਲੋਂ ਗੁਰੂ ਘਰ ਵਿੱਚ ਕੀਤੀ ਸੇਵਾ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

***********************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੧੩੯੩

ਮਿਤੀ ੨੩-੦੮-2024

ਉਤਾਰਾ:
1. ਆਰ. ਕੇ. ਜੀ ਟਰੱਸਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਬੰਧਤਾਂ ਪਾਸ ਇੱਕ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 568 ਦੀ ਨਕਲ :-**

ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ ਵੱਲੋਂ ਵੱਖ-ਵੱਖ ਪੱਤ੍ਰਿਕਾਵਾਂ ਰਾਹੀਂ ਮੰਗ ਪੁੱਜੀ ਹੈ ਕਿ ਮਾਨਯੋਗ ਪ੍ਰਧਾਨ ਸਾਹਿਬ ਦੇ ਹੋਏ ਆਦੇਸ਼ ਅਨੁਸਾਰ ਹਸਪਤਾਲ 'ਚ ਇਲਾਜ ਲਈ ਦਾਖਲ ਹੇਠ ਲਿਖਿਆਂ ਮਰੀਜਾਂ ਦਾ ਫਰੀ ਇਲਾਜ ਕੀਤਾ ਗਿਆ ਹੈ;

| | | |
|---|---|---|
| 1 | ਸ੍ਰ. ਸੰਦੀਪ ਸਿੰਘ (ਸੂਰੀ ਕਤਲ ਕਾਂਡ) ਦੇ ਪਿਤਾ ਅਤੇ ਭਾਬੀ ਦੇ ਇਲਾਜ ਪੁਰ ਖਰਚ | 2,30,024/-ਰੁਪਏ |
| 2. | ਸ਼ੰਭੂ ਬਾਰਡਰ ਤੋਂ ਕਿਸਾਨਾਂ ਦੀ ਬੱਸ ਵਾਪਿਸ ਆਉਂਦਿਆਂ ਰਈਆ ਨੇੜੇ ਪਲਟ ਗਈ ਸੀ, ਦੇ ਇਲਾਜ ਪੁਰ ਖਰਚ | 6,81,245/-ਰੁਪਏ |
| 3. | ਬੰਦੀ ਸਿੰਘ ਸ੍ਰ. ਗੁਰਦੀਪ ਸਿੰਘ ਖੈੜਾ ਦੀ ਸੁਪਤਨੀ ਬੀਬੀ ਗੁਰਜੀਤ ਕੌਰ ਦੇ ਇਲਾਜ ਪੁਰ ਖਰਚ | 1,01,713/-ਰੁਪਏ |
| | **ਕੁੱਲ ਰਕਮ** | **10,12,982/- ਰੁਪਏ** |

ਇਲਾਜ ਪੁਰ ਹੋਏ ਖਰਚਾਂ ਦੇ ਬਿੱਲਾਂ ਦੀ ਅਦਾਇਗੀ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਕਰਨ ਦਾ ਮਾਮਲਾ **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਪਰੋਕਤ ਅਨੁਸਾਰ ਮਰੀਜਾਂ ਦੇ ਇਲਾਜ ਪੁਰ ਆਏ ਖਰਚ 10,12,982/- ਅੱਖਰੀਂ ਦਸ ਲੱਖ ਬਾਰਾਂ ਹਜ਼ਾਰ ਨੌ ਸੌ ਬਿਆਸੀ ਰੁਪਏ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ ਨੂੰ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਰਕਮ ਦੀ ਅਦਾਇਗੀ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਧਰਮ ਅਰਥ ਫੰਡ ਵਿੱਚੋਂ ਕੀਤੀ ਜਾਵੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
*********************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 9/435

ਮਿਤੀ 27-08 -2024

ਉਤਾਰਾ:
1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ: ਕਮੇਟੀ।
2. ਆਰ.ਕੇ. ਜੀ, ਟਰੱਸਟ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 627 ਦੀ ਨਕਲ :-**

ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ 265, ਮਿਤੀ 27-01-2023 ਦੀ ਲਗਾਤਾਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਲੰਮੀਆਂ ਸਜਾਵਾਂ ਵਾਲੇ ਬੰਦੀ ਸਿੰਘਾਂ ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਗੁਰਦੀਪ ਸਿੰਘ ਖੇੜਾ, ਪ੍ਰੋ: ਦਵਿੰਦਰਪਾਲ ਸਿੰਘ ਭੁੱਲਰ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਪਰਮਜੀਤ ਸਿੰਘ ਭਿਉਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਸਮਸ਼ੇਰ ਸਿੰਘ, ਭਾਈ ਲਖਵਿੰਦਰ ਸਿੰਘ ਲੱਖਾ, ਭਾਈ ਗੁਰਮੀਤ ਸਿੰਘ ਨੂੰ ਜਾਂ ਉਨ੍ਹਾਂ ਵੱਲੋਂ ਨਾਮਜਦ ਕੀਤੇ ਪ੍ਰੀਵਾਰਕ ਮੈਂਬਰਾਂ ਨੂੰ ਬੰਦੀ ਸਿੰਘਾਂ ਦੇ ਰਿਹਾਅ ਹੋਣ ਤੀਕ ਪਹਿਲਾ ਦਿੱਤੀ ਜਾ ਰਹੀ ਸਨਮਾਨ ਰਾਸ਼ੀ ਵਧਾ ਕੇ ਮਿਤੀ 01-09-2024 ਤੋਂ 40,000/-, 40,000/- ਅੱਖਰੀਂ ਚਾਲੀ-ਚਾਲੀ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**
****************************************************
ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21433 ਮਿਤੀ 27-08 -2024

ਉਤਾਰਾ: 1. ਮੁੱਖ ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ: ਕਮੇਟੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 571 ਦੀ ਨਕਲ :-**

ਸ੍ਰ. ਸਤਪਾਲ ਸਿੰਘ (ਸਪੁੱਤਰ ਸ੍ਰ. ਗੁਰਦੇਵ ਸਿੰਘ) ਵਾਸੀ 36/985, ਗਲੀ ਨੰਬਰ 11, ਨੇੜੇ ਰੇਲਵੇ ਕਰਾਸਿੰਗ ਗੁਰੂ ਅਮਰਦਾਸ ਨਗਰ, ਫਿਰੋਜਪੁਰ ਰੋਡ, ਲੁਧਿਆਣਾ ਵੱਲੋਂ ਐਸ.ਏ.ਐਸ. ਨਗਰ, ਮੋਹਾਲੀ ਦੀ ਹਦੂਦ ਵਿੱਚ ਪੈਂਦੀਆਂ ਮੁੱਖ ਸੜਕਾਂ ਦਾ ਨਾਮ ਪੰਜ ਪਿਆਰਿਆਂ ਦੇ ਨਾਮ ਪੁਰ ਅਤੇ ਸ੍ਰ. ਹਰੀ ਸਿੰਘ ਨਲੂਆ ਦੇ ਨਾਮ ਪੁਰ ਰੱਖਣ ਸਬੰਧੀ ਪੁੱਜੀ ਮੰਗ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਪਰੋਕਤ ਮਾਮਲੇ ਸਬੰਧੀ ਅਗਲੇਰੀ ਕਾਰਵਾਈ ਕਰਨ ਲਈ ਪੰਜਾਬ ਸਰਕਾਰ ਨੂੰ ਪੱਤਰ ਲਿਖਿਆ ਜਾਵੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21438 ਮਿਤੀ 27-08-2024

ਉਤਾਰਾ: 1. ਸੁਪਰਵਾਈਜਰ ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ: ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-08-2024 (01 ਭਾਦੋਂ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 668 ਦੀ ਨਕਲ :-**

ਮਾਣਯੋਗ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਪੈਰਿਸ ਓਲੰਪਿਕਸ ਵਿੱਚ ਕਾਂਸੇ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਸਾਬਤ ਸੂਰਤ ਖਿਡਾਰੀਆਂ ਨੂੰ ਸਨਮਾਨ ਦੇਣ ਦੇ ਕੀਤੇ ਐਲਾਨ ਦਾ ਮਾਮਲਾ, ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਪੈਰਿਸ ਓਲੰਪਿਕਸ ਵਿੱਚ ਕਾਂਸੇ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਸਾਬਤ ਸੂਰਤ ਖਿਡਾਰੀ ਸ. ਜਰਮਨਪ੍ਰੀਤ ਸਿੰਘ ਨੂੰ ਸਨਮਾਨ ਵਜੋਂ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ 5,00,000/-ਅੱਖਰੀਂ ਪੰਜ ਲੱਖ ਰੁਪਏ ਦੀ ਰਾਸ਼ੀ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 21593

ਮਿਤੀ 29-08-2024

ਉਤਾਰਾ:
1. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
2. ਐਡੀ:ਸਕੱਤਰ ਜੀ (ਖੇਡ ਵਿਭਾਗ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਚੀਫ ਅਕਾਊਂਟੈਂਟ ਜੀ, ਧਰਮ ਪ੍ਰਚਾਰ ਕਮੇਟੀ।
4. ਸਹਾਇਕ ਇੰਚਾਰਜ ਜੀ (ਖੇਡ ਵਿਭਾਗ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।